# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ 25-08-2026**

ਪਟਿਆਲਾ ਵਿਚ ਇਕ ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਰੱਖੜੀ ਦੇ ਤਿਉਹਾਰ ਮੌਕੇ ਪੰਜਾਬ ਸਰਕਾਰ ਵਲੋਂ ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਨਵੀਂ ਰਜਿਸਟ੍ਰੇਸਨ ਕਰਵਾਉਣ ਵਾਲੀਆਂ ਔਰਤਾਂ ਦੇ ਬੈਂਕ ਖਾਤਿਆਂ ਵਿੱਚ 28 ਅਗਸਤ ਭਾਵ ਰੱਖੜੀ ਵਾਲੇ ਦਿਨ 'ਸਨਮਾਨ ਰਾਸੀ' ਜਮ੍ਹਾਂ ਕਰਵਾਈ ਜਾਏਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਤੱਕ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ 75 ਲੱਖ ਤੋਂ ਵੱਧ ਔਰਤਾਂ ਪਹਿਲਾਂ ਹੀ ਰਜਿਸਟਰ ਹੋ ਚੁੱਕੀਆਂ ਹਨ ਅਤੇ ਯੋਗ ਲਾਭਪਾਤਰੀਆਂ ਨੂੰ ਸਿੱਧੇ ਤੌਰ 'ਤੇ 2,274.42 ਕਰੋੜ ਰੁਪਏ ਤਬਦੀਲ ਕੀਤੇ ਜਾ ਚੁੱਕੇ ਨੇ।

---------------------------------------------------------------------------------

ਚੰਡੀਗੜ੍ਹ ਪ੍ਰਸ਼ਾਸਨ ਨੇ ਪ੍ਰਸ਼ਾਸਕੀ ਅਤੇ ਵਿੱਤੀ ਪ੍ਰਵਾਨਗੀ ਲਈ ਕੁੱਲ 176.34 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਵਾਲੇ ਤਿੰਨ ਮੁੱਖ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦੀ ਸਿਫ਼ਾਰਸ਼ ਕੀਤੀ ਏ। ਇਨ੍ਹਾਂ ਪ੍ਰੋਜੈਕਟਾਂ

ਵਿੱਚ 89.13 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ ਖੁੱਡਾ ਜੱਸੂ ਅਤੇ ਖੁੱਡਾ ਲਾਹੌਰਾ ਵਿਖੇ ਇੱਕ ਐਲੀਵੇਟਿਡ ਸੜਕ ਦਾ ਨਿਰਮਾਣ ਅਤੇ 13.32 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ ਸੁਖਨਾ ਚੋਏ ਰਿਜ਼ਰਵ ਫਾਰੈਸਟ ਵਿਖੇ ਇੱਕ ਸਿਟੀ ਫੋਰੈਸਟ ਦਾ ਵਿਕਾਸ ਸ਼ਾਮਲ ਏ। ਪ੍ਰਧਾਨ ਮੰਤਰੀ ਆਯੁਸ਼ਮਾਨ ਭਾਰਤ ਸਿਹਤ ਬੁਨਿਆਦੀ ਢਾਂਚਾ ਮਿਸ਼ਨ ਦੇ ਤਹਿਤ ਮਨੀਮਾਜਰਾ ਵਿਖੇ 73.89 ਕਰੋੜ ਰੁਪਏ ਦੀ
ਲਾਗਤ ਨਾਲ 50 ਬਿਸਤਰਿਆਂ ਵਾਲਾ ਇੱਕ ਕ੍ਰਿਟੀਕਲ ਕੇਅਰ ਹਸਪਤਾਲ ਵੀ ਬਣਾਇਆ ਜਾਵੇਗਾ। ਇਹ ਦਿਲ ਦੀ ਦੇਖਭਾਲ, ਐਮ ਆਰ ਆਈ, ਸੀਟੀ ਸਕੈਨ, ਐਕਸ-ਰੇ, ਜਣੇਪਾ ਅਤੇ ਨਵਜੰਮੇ ਬੱਚਿਆਂ ਦੀ ਦੇਖਭਾਲ, ਡਾਇਲਸਿਸ, ਅਤੇ ਮੈਡੀਕਲ ਗੈਸ ਅਤੇ ਤਰਲ ਆਕਸੀਜਨ ਪ੍ਰਣਾਲੀਆਂ ਲਈ ਸਹੂਲਤਾਂ ਪ੍ਰਦਾਨ ਕਰਕੇ ਖੇਤਰ ਵਿੱਚ ਮਹੱਤਵਪੂਰਨ ਦੇਖਭਾਲ ਅਤੇ ਐਮਰਜੈਂਸੀ ਸਿਹਤ ਸੰਭਾਲ ਸੇਵਾਵਾਂ ਨੂੰ ਵਧਾਏਗਾ। ਇਹ ਸਿਫ਼ਾਰਸ਼ਾਂ ਯੂ.ਟੀ. ਚੰਡੀਗੜ੍ਹ ਦੇ ਮੁੱਖ ਸਕੱਤਰ ਰਾਜੇਸ਼ ਪ੍ਰਸਾਦ ਦੀ ਪ੍ਰਧਾਨਗੀ ਹੇਠ ਮੁਲਾਂਕਣ ਕਮੇਟੀ ਨੇ ਕੱਲ੍ਹ ਕੀਤੀਆਂ ਨੇ।

---

ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਵੱਖ-ਵੱਖ ਅਧਿਆਪਕਾਂ ਅਤੇ ਸਿੱਖਿਆ ਮੁਲਾਜ਼ਮਾਂ ਦੀਆਂ ਯੂਨੀਅਨਾਂ ਦੇ ਨਾਲ-ਨਾਲ

ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਨਾਲ ਉਨ੍ਹਾਂ ਦੀਆਂ ਮੰਗਾਂ ਅਤੇ ਸ਼ਿਕਾਇਤਾਂ ’ਤੇ ਵਿਚਾਰ-ਵਟਾਂਦਰਾ ਕਰਨ ਲਈ ਲੜੀਵਾਰ ਮੀਟਿੰਗਾਂ ਕੀਤੀਆਂ ਨੇ। ਖਜ਼ਾਨਾ ਮੰਤਰੀ ਨੇ ਸਿੱਖਿਆ ਵਿਭਾਗ ਨੂੰ ਵਿਭਾਗੀ ਪੱਧਰ ’ਤੇ ਹੱਲ ਹੋਣ ਵਾਲੇ ਮਸਲਿਆਂ ਦਾ ਤੁਰੰਤ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ ਨੇ। ਵਿੱਤੀ ਦੇਣਦਾਰੀਆਂ ਨਾਲ ਸਬੰਧਤ ਮੰਗਾਂ ਦੇ ਤੁਰੰਤ ਤੇ ਢੁਕਵੇਂ ਹੱਲ ਲਈ ਉਨ੍ਹਾਂ ਅਧਿਕਾਰੀਆਂ ਨੂੰ ਵਿੱਤ ਵਿਭਾਗ ਅਤੇ ਸਿੱਖਿਆ ਵਿਭਾਗ ਦੇ ਨੁਮਾਇੰਦਿਆਂ ਦੀ ਸਾਂਝੀ ਮੀਟਿੰਗ ਬੁਲਾਉਣ ਦੀ ਹਦਾਇਤ ਵੀ ਕੀਤੀ ਏ।

---------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇਸ ਮਹੀਨੇ ਦੀ 30 ਤਰੀਕ ਨੂੰ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 137ਵਾਂ ਐਪੀਸੋਡ ਹੋਵੇਗਾ। ਪ੍ਰਧਾਨ ਮੰਤਰੀ ਵੱਲੋਂ ਇਸ ਪ੍ਰੋਗਰਾਮ ਵਿਚ ਸ਼ਾਮਿਲ ਕੀਤੇ ਜਾਣ ਲਈ ਵਿਸ਼ਿਆਂ ਜਾਂ ਮੁੱਦਿਆਂ ਬਾਰੇ ਤੁਸੀਂ ਆਪਣੇ ਸੁਝਾਅ ਦੇ ਸਕਦੇ ਹੋ। ਸੁਝਾਵਾਂ ਨੂੰ ਨਰੇਂਦਰ ਮੋਦੀ ਐਪ ਜਾਂ MY GOV ਓਪਨ ਫੋਰਮ ਰਾਹੀਂ ਸਾਂਝਾ ਕੀਤਾ ਜਾ ਸਕਦਾ ਏ। ਵਿਕਲਪਕ ਤੌਰ 'ਤੇ, ਤੁਸੀਂ ਟੋਲ-ਫ੍ਰੀ ਨੰਬਰ 1800-11-7800 'ਤੇ ਵੀ ਡਾਇਲ ਕਰ ਸਕਦੇ ਹੋ ਅਤੇ ਪ੍ਰਧਾਨ ਮੰਤਰੀ

ਲਈ ਆਪਣਾ ਸੰਦੇਸ਼ ਹਿੰਦੀ ਜਾਂ ਅੰਗਰੇਜ਼ੀ ਵਿੱਚ ਰਿਕਾਰਡ ਕਰ ਸਕਦੇ ਹੋ। ਰਿਕਾਰਡ ਕੀਤੇ ਗਏ ਕੁਝ ਸੁਨੇਹੇ ਪ੍ਰਸਾਰਣ ਦਾ ਹਿੱਸਾ ਬਣ ਸਕਦੇ ਨੇ। ਸੁਝਾਅ ਇਸ ਮਹੀਨੇ ਦੀ 28 ਤਰੀਕ ਤੱਕ ਸਵੀਕਾਰ ਕੀਤੇ ਜਾਣਗੇ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

--------------------------------------------------------------------------------

ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲਾ 27 ਅਗਸਤ ਨੂੰ ਪੰਜਾਬ ਅਤੇ ਹਰਿਆਣਾ ਦੇ ਹਰ ਜ਼ਿਲ੍ਹੇ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਦੋ-ਕਾਲਜਾਂ ਵਿੱਚ 'ਖੇਲੋ ਇੰਡੀਆ ਸੰਵਾਦ - **ਖੇਡ ਕੀ ਬਾਤ ਪ੍ਰਧਾਨ ਮੰਤਰੀ ਕੇ ਸਾਥ** ਦਾ ਆਯੋਜਨ ਕਰ ਰਿਹਾ ਏ, ਜਿਸਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ, ਤੰਦਰੁਸਤੀ ਅਤੇ ਨੌਜਵਾਨਾਂ ਦੀ ਅਗਵਾਈ ਵਾਲੇ ਰਾਸ਼ਟਰ ਨਿਰਮਾਣ ਦੇ ਰਾਸ਼ਟਰੀ ਦ੍ਰਿਸ਼ਟੀਕੋਣ ਨਾਲ ਜੋੜਨਾ ਏ। ਇਹ ਸੰਵਾਦ ਮੰਤਰਾਲੇ ਦੇ ਯੁਵਾ ਮਾਮਲਿਆਂ ਵਿਭਾਗ ਦੇ ਮੇਰਾ ਯੁਵਾ ਭਾਰਤ (MY

ਭਾਰਤ) ਦੁਆਰਾ ਆਯੋਜਿਤ ਕੀਤਾ ਜਾਵੇਗਾ। ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਵੇਰਵੇ ਸਾਂਝੇ ਕਰਦੇ ਹੋਏ, ਮਾਈ ਭਾਰਤ ਪੰਜਾਬ ਦੀ ਸਟੇਟ ਡਾਇਰੈਕਟਰ, ਰਸ਼ਮੀਤ ਕੌਰ ਨੇ ਦੱਸਿਆ ਕਿ ਵਿਦਿਆਰਥੀ ਅਤੇ ਨੌਜਵਾਨ ਇਨ੍ਹਾਂ ਥਾਵਾਂ ਤੋਂ ਰਾਸ਼ਟਰੀ ਪੱਧਰ 'ਤੇ ਸਮਕਾਲੀ ਪ੍ਰੋਗਰਾਮ ਵਿੱਚ ਸ਼ਾਮਲ ਹੋਣਗੇ ਅਤੇ ਪ੍ਰਧਾਨ ਮੰਤਰੀ, ਨਰਿੰਦਰ ਮੋਦੀ ਦੇ ਵਰਚੁਅਲ ਸੰਬੋਧਨ ਨੂੰ ਸੁਣਨਗੇ। ਇਸ ਤੋਂ ਬਾਅਦ ਨੌਜਵਾਨਾਂ ਨਾਲ ਸਥਾਨਕ ਪੱਧਰ 'ਤੇ ਗੱਲਬਾਤ ਅਤੇ ਹੋਰ ਗਤੀਵਿਧੀਆਂ ਹੋਣਗੀਆਂ। ਚੰਡੀਗੜ੍ਹ ਅਤੇ ਹਰਿਆਣਾ ਦੇ ਮੇਰਾ ਯੁਵਾ ਭਾਰਤ ਦੇ ਅਧਿਕਾਰੀਆਂ ਨੇ ਵੀ ਮੀਡੀਆ ਨੂੰ ਸੰਬੋਧਨ ਕੀਤਾ। ਸਥਾਨਕ ਖਿਡਾਰੀ ਅਤੇ ਜਨ ਪ੍ਰਤੀਨਿਧੀ ਵੀ ਹਿੱਸਾ ਲੈਣਗੇ, ਜਿਸ ਨਾਲ ਨੌਜਵਾਨਾਂ ਨੂੰ ਆਪਣੇ ਵਿਚਾਰ, ਸੁਝਾਅ ਅਤੇ ਇੱਛਾਵਾਂ ਸਾਂਝੀਆਂ ਕਰਨ ਦਾ ਮੌਕਾ ਮਿਲੇਗਾ। ਪ੍ਰੋਗਰਾਮ ਦੌਰਾਨ, ਨੌਜਵਾਨਾਂ ਨੂੰ MY Bharat ਪੋਰਟਲ 'ਤੇ ਰਜਿਸਟਰ ਕਰਨ ਲਈ ਵੀ ਉਤਸ਼ਾਹਿਤ ਕੀਤਾ ਜਾਵੇਗਾ ਅਤੇ ਉਨ੍ਹਾਂ ਨੂੰ MY Bharat ਸੁਝਾਅ ਬਾਕਸ ਰਾਹੀਂ ਡਿਜੀਟਲ ਰੂਪ ਵਿੱਚ ਆਪਣੇ ਸੁਝਾਅ ਜਮ੍ਹਾਂ ਕਰਾਉਣ ਦਾ ਮੌਕਾ ਮਿਲੇਗਾ। ਭਾਗੀਦਾਰਾਂ ਵਿੱਚ ਵਿਕਸਤ ਭਾਰਤ ਯੰਗ ਲੀਡਰਜ਼ ਡਾਇਲਾਗ (VBYLD) 2027 ਕੁਇਜ਼ ਦਾ ਵੀ ਪ੍ਰਚਾਰ ਕੀਤਾ ਜਾਵੇਗਾ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੋਣਹਾਰ ਕਬੱਡੀ ਖਿਡਾਰੀ ਗੁਰਜੀਤ ਸਿੰਘ ਤੂਤ ਦੀ ਬੇਵਕਤੀ ਮੌਤ ‘ਤੇ ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਏ। ਮੁੱਖ ਮੰਤਰੀ ਨੇ ਫ਼ਿਰੋਜਪੁਰ ਸਥਿਤ ਮ੍ਰਿਤਕ ਖਿਡਾਰੀ ਦੇ ਜੱਦੀ ਪਿੰਡ ਤੂਤ ਵਿਖੇ ਉਨ੍ਹਾਂ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ। ਉਨ੍ਹਾਂ ਕਿਹਾ ਕਿ ਦੁੱਖ ਦੀ ਇਸ ਘੜੀ ਪੀੜਤ ਪਰਿਵਾਰ ਨਾਲ ਹਾਂ ਅਤੇ ਉਨ੍ਹਾਂ ਨੂੰ ਸੂਬਾ ਸਰਕਾਰ ਵੱਲੋਂ ਹਰ ਸੰਭਵ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ, “ਗੁਰਜੀਤ ਸਿੰਘ ਤੂਤ ਦੀ ਯਾਦ ਵਿਚ ਪਿੰਡ ਤੂਤ, ਜ਼ਿਲ੍ਹਾ ਫ਼ਿਰੋਜਪੁਰ ਵਿੱਚ ਸਟੇਡੀਅਮ ਬਣਾਇਆ ਜਾਵੇਗਾ।

-------------------------------------------------------------------------

ਪੰਜਾਬ ਸਰਕਾਰ ਵੱਲੋਂ ਰੂਪਨਗਰ ਦੇ ਸਰਹਿੰਦ ਨਹਿਰ ਉੱਤੇ ਸਥਿਤ ਪੁਰਾਣੇ ਪੁਲ ਦੀ ਥਾਂ ਨਵੇਂ ਪੁਲ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕੀਤੀ ਗਈ ਏ। ਬੀਤੀ ਦੇਰ ਸ਼ਾਮ ਕੈਬਨਿਟ ਮੰਤਰੀ ਪੰਜਾਬ ਹਰਭਜਨ ਸਿੰਘ ਈ.ਟੀ.ਓ. ਵੱਲੋਂ ਇਹ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਉਨ੍ਹਾਂ ਕਿਹਾ ਕਿ ਲਗਭਗ 16.38 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲਾ 111.24 ਮੀਟਰ ਹਾਈ ਲੈਵਲ ਸਟੀਲ ਬ੍ਰਿਜ ਰੂਪਨਗਰ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਆਵਾਜਾਈ ਨੂੰ

ਸੁਚਾਰੂ ਬਣਾਉਣ ਅਤੇ ਸਥਾਨਕ ਵਪਾਰਕ ਗਤੀਵਿਧੀਆਂ ਨੂੰ ਹੁਲਾਰਾ ਦੇਣ ਵਿੱਚ ਅਹਿਮ ਭੂਮਿਕਾ ਨਿਭਾਏਗਾ।